ਪੰਜਾਬ ਸਕੂਲ ਸਿੱਖਿਆ ਬੋਰਡ
ਐਸ.ਏ.ਐਸ. ਨਗਰ (ਮੋਹਾਲੀ)

ਵਿਸ਼ਾ: **ਪੰਜਾਬ ਸਕੂਲ ਪਰਫ਼ਾਰਮਿੰਗ ਆਰਟਸ ਕਾਨਫ਼ਰੰਸ - 2026 ਦੇ ਆਯੋਜਨ ਸਬੰਧੀ ਰਜਿਸਟ੍ਰੇਸ਼ਨ ਕਰਵਾਉਣ ਬਾਰੇ।**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਰਾਜ ਦੇ ਸਮੂਹ ਸਰਕਾਰੀ, ਐਫੀਲੀਏਟਿਡ ਅਤੇ ਐਸੋਸੀਏਟਿਡ ਸਕੂਲਾਂ ਵਿੱਚ ਪਰਫਾਰਮਿੰਗ ਆਰਟਸ ਨਾਲ ਸਬੰਧਤ ਗਤੀਵਿਧੀਆਂ ਵਿੱਚ ਯੋਗਦਾਨ ਪਾਉਣ ਵਾਲੇ ਅਧਿਆਪਕਾਂ ਲਈ ਬੋਰਡ ਦੇ ਆਡੀਟੋਰੀਅਮ ਵਿਖੇ ਪੰਜਾਬ ਸਕੂਲ ਪਰਫ਼ਾਰਮਿੰਗ ਆਰਟਸ ਕਾਨਫਰੰਸ - 2026 ਦਾ ਆਯੋਜਨ ਕੀਤਾ ਜਾ ਰਿਹਾ ਹੈ।

ਇਸ ਕਾਨਫਰੰਸ ਦਾ ਮੁੱਖ ਉਦੇਸ਼ ਪਰਫ਼ਾਰਮਿੰਗ ਆਰਟਸ ਨਾਲ ਸਬੰਧਤ ਵੱਖ ਵੱਖ ਖੇਤਰਾਂ ਵਿੱਚ ਕੰਮ ਕਰ ਰਹੇ ਅਧਿਆਪਕਾਂ ਨੂੰ ਇੱਕ ਸਾਂਝੇ ਮੰਚ 'ਤੇ ਇਕੱਠਾ ਕਰਨਾ, ਉਨ੍ਹਾਂ ਦੇ ਤਜਰਬਿਆਂ ਅਤੇ ਕਲਾਤਮਕ ਪ੍ਰਤਿਭਾ ਨੂੰ ਸਾਂਚਾ ਕਰਨ ਦਾ ਮੌਕਾ ਪ੍ਰਦਾਨ ਕਰਨਾ ਅਤੇ ਵਿਦਿਆਰਥੀਆਂ ਨੂੰ ਗਾਇਕੀ, ਸੰਗੀਤ, ਲੋਕ ਨਾਚ, ਨਾਟਕ ਅਤੇ ਹੋਰ ਕਲਾਤਮਕ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕਰਨਾ ਹੈ।

ਇਸ ਸਬੰਧੀ ਸਮੂਹ ਸਰਕਾਰੀ, ਐਫੀਲੀਏਟਿਡ ਅਤੇ ਐਸੋਸੀਏਟਿਡ ਸਕੂਲਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਸਕੂਲ ਵਿੱਚ ਪਰਫ਼ਾਰਮਿੰਗ ਆਰਟਸ ਨਾਲ ਸਬੰਧਤ ਗਤੀਵਿਧੀਆਂ ਨਾਲ ਜੁੜੇ ਅਧਿਆਪਕ ਦੀ ਰਜਿਸਟ੍ਰੇਸ਼ਨ ਬੋਰਡ ਦੇ ਮੌਜੂਦਾ School Login Portal ਰਾਹੀਂ ਕਰਵਾਉਣਾ।

ਰਜਿਸਟ੍ਰੇਸ਼ਨ ਕਰਨ ਲਈ ਸਕੂਲ ਮੁਖੀ ਆਪਣੇ ਸਕੂਲ ਦੀ ਮੌਜੂਦਾ Login ID ਅਤੇ Password ਰਾਹੀਂ ਪੋਰਟਲ 'ਤੇ ਲਾਗਇਨ ਕਰਕੇ "Performing Arts Conference - 2026" ਮੀਨੂ ਅਧੀਨ ਉਪਲਬਧ ਰਜਿਸਟ੍ਰੇਸ਼ਨ ਫਾਰਮ ਭਰਨ।

ਰਜਿਸਟ੍ਰੇਸ਼ਨ ਫਾਰਮ ਵਿੱਚ ਸਬੰਧਤ ਅਧਿਆਪਕ ਦਾ ਪੂਰਾ ਨਾਮ, ਈਮੇਲ ਆਈ.ਡੀ. ਮੋਬਾਈਲ ਨੰਬਰ ਅਤੇ ਪਰਫ਼ਾਰਮਿੰਗ ਆਰਟਸ ਨਾਲ ਸਬੰਧਤ ਖੇਤਰ ਦੀ ਜਾਣਕਾਰੀ ਦਰਜ ਕਰਨੀ ਹੋਵੇਗੀ। ਇਸ ਸਬੰਧੀ ਹੇਠ ਲਿਖੀਆਂ ਚਾਰ ਸ਼੍ਰੇਣੀਆ ਉਪਲਬਧ ਹੋਣਗੀਆ:

1. Music (Vocal/Instrumental)
2. Dance
3. Theatre/Drama

ਇਸ ਤੋਂ ਇਲਾਵਾ, ਸਬੰਧਤ ਅਧਿਆਪਕ ਵੱਲੋਂ ਆਪਣੇ ਕਲਾਤਮਕ ਤਜਰਬੇ ਪ੍ਰਾਪਤੀਆਂ ਅਤੇ ਉਪਲਬਧੀਆਂ ਸਬੰਧੀ ਵੇਰਵੇ ਵੀ ਦਰਜ ਕੀਤੇ ਜਾਣਗੇ। ਨਾਲ ਹੀ, ਇਹ ਵੀ ਜਾਣਕਾਰੀ ਦਿੱਤੀ ਜਾਵੇਗੀ ਕਿ ਸਬੰਧਤ ਅਧਿਆਪਕ ਕਾਨਫਰੰਸ ਦੌਰਾਨ ਆਪਣੀ ਕਲਾ ਦਾ ਪ੍ਰਦਰਸ਼ਨ ਜਾਂ ਪੇਸ਼ਕਾਰੀ ਕਰਨ ਵਿੱਚ ਦਿਲਚਸਪੀ ਰੱਖਦਾ ਹੈ ਜਾਂ ਨਹੀਂ।

ਰਜਿਸਟ੍ਰੇਸ਼ਨ ਕਰਵਾਉਣ ਦੀ ਆਖਰੀ ਮਿਤੀ 19 ਨਵੰਬਰ 2026 ਹੈ।

ਰਜਿਸਟ੍ਰੇਸ਼ਨ ਪ੍ਰਕਿਰਿਆ ਪੂਰੀ ਹੋਣ ਉਪਰੰਤ ਕਾਨਫ਼ਰੰਸ ਦੀ ਮਿਤੀ, ਸਮਾਂ ਅਤੇ ਹੋਰ ਲੋੜੀਂਦੀ ਜਾਣਕਾਰੀ ਰਜਿਸਟਰਡ ਭਾਗੀਦਾਰਾਂ ਨੂੰ ਵੱਖਰੇ ਤੌਰ 'ਤੇ ਸੂਚਿਤ ਕਰ ਦਿੱਤੀ ਜਾਵੇਗੀ। ਇਸ ਲਈ ਸਮੂਹ ਸਕੂਲ ਮੁਖੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਸਕੂਲ ਵਿੱਚ ਪਰਫ਼ਾਰਮਿੰਗ ਆਰਟਸ ਨਾਲ ਸਬੰਧਤ ਗਤੀਵਿਧੀਆਂ ਨਾਲ ਜੁੜੇ ਅਧਿਆਪਕ ਦੀ ਨਿਰਧਾਰਤ ਸਮੇਂ ਅੰਦਰ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਤਾਂ ਜੋ ਇਸ ਕਾਨਫਰੰਸ ਵਿੱਚ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਈ ਜਾ ਸਕੇ।

ਸਹਾਇਕ ਸਕੱਤਰ (ਐਫੀਲੀਏਸ਼ਨ ਸ਼ਾਖਾ)
ਪੰਜਾਬ ਸਕੂਲ ਸਿੱਖਿਆ ਬੋਰਡ
ਐਸ.ਏ.ਐਸ. ਨਗਰ (ਮੋਹਾਲੀ)